# Punjabi University inter college Gatka Men/Women Championship Men session 2022-23

Punjabi University inter college  Gatka Championship Men/Women held at Punjabi University Guru Kashi College Damdama Sahib   on dated 02-02-2023 to 03-02-2023 and  our college Men team won Silver Medal and Our College Women Player Won Bronze Medal in this championship.







ਪੰਜਾਬ ਟਾਈਮਜ਼
Leading Punjabi daily newspaper

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਅੰਤਰ-ਕਾਲਜ ਗੱਤਕਾ ਮੁਕਾਬਲਿਆਂ 'ਚ ਮਾਰੀਆਂ ਮੱਲ੍ਹਾਂ

ਪੰਜਾਬ ਟਾਈਮਜ਼ ਵਿਸ਼ੇਸ਼



ਸ੍ਰੀ ਅਨੰਦਪੁਰ ਸਾਹਿਬ, 6 ਫਰਵਰੀ (ਦਵਿੰਦਰਪਾਲ ਸਿੰਘ/ਅੰਕੁਸ਼)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖ਼ਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਅੰਤਰ-ਕਾਲਜ ਗੱਤਕਾ ਮੁਕਾਬਲਿਆਂ ਵਿੱਚ ਮੱਲ੍ਹਾਂ ਮਾਰ ਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ। ਜ਼ਿਕਰਯੋਗ ਹੈ ਕਿ ਇਹ ਮੁਕਾਬਲੇ ਪੰਜਾਬੀ ਯੂਨੀਵਰਸਿਟੀ ਗੁਰੂਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ ਕਰਵਾਏ ਗਏ ਜਿਸ ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਧੀਨ ਚੱਲ ਰਹੇ ਵੱਖੋ-ਵੱਖਰੇ ਕਾਲਜਾਂ ਚੋਂ ਲੜਕੇ ਤੇ ਲੜਕੀਆਂ ਦੀਆਂ 17 ਟੀਮਾਂ ਨੇ ਭਾਗ ਲਿਆ ਜਿੰਨ੍ਹਾਂ ਵਿੱਚੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਲੜਕਿਆਂ ਦੀ ਟੀਮ ਨੇ ਦੂਜਾ ਅਤੇ ਲੜਕੀਆਂ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਕਾਲਜ ਹਮੇਸ਼ਾ ਹੀ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ, ਸਾਹਿਤਕ ਤੇ ਸੱਭਿਆਚਾਰਕ ਸਿੱਖਿਆਵਾਂ ਤੋਂ ਇਲਾਵਾ ਖੇਡਾਂ ਨਾਲ਼ ਜੋੜ ਕੇ ਰੱਖਦਾ ਹੈ ਅਤੇ ਵਿਦਿਆਰਥੀਆਂ ਨੂੰ ਧਾਰਮਿਕ ਸਿੱਖਿਆਵਾਂ ਵੀ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਗੱਤਕਾ ਸਾਡੀ ਵਿਰਾਸਤੀ ਖੇਡ ਹੈ ਜੋ ਸਾਨੂੰ ਸਾਡੇ ਗੁਰੂਆਂ ਤੋਂ ਮਿਲੀ ਹੈ ਜੋ ਕਿ ਸਵੈ-ਮਾਣ, ਧੀਰਜ, ਸ਼ਾਂਤੀ, ਸੰਜਮ ਅਤੇ ਅਨੁਸ਼ਾਸ਼ਨ ਦਾ ਪ੍ਰਤੀਕ ਹੈ ਅਤੇ ਜਿਸਨੂੰ ਖੇਡਣ ਨਾਲ਼ ਜਿੱਥੇ ਇੱਕ ਪਾਸੇ ਸਾਡਾ ਸਰੀਰਕ ਤੌਰ 'ਤੇ ਅਭਿਆਸ ਹੁੰਦਾ ਹੈ ਉੱਥੇ ਹੀ ਸਾਡੇ ਵਿੱਚ ਅਨੇਕਾਂ ਮਨੁੱਖੀ ਗੁਣ ਵਿਕਸਿਤ ਹੁੰਦੇ ਹਨ ਇਸ ਲਈ ਵਿਦਿਆਰਥੀਆਂ ਨੂੰ ਵਧ-ਚੜ੍ਹ ਕੇ ਇਸ ਖੇਡ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਅਤੇ ਗੱਤਕਾ ਸਿੱਖਣ ਦੇ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਸਾਡੀ ਵਿਰਾਸਤੀ ਖੇਡ ਨੂੰ ਉਪਰਲ਼ੇ ਪੱਧਰ 'ਤੇ ਲਿਜਾਇਆ ਜਾ ਸਕੇ।ਪ੍ਰਿੰਸੀਪਲ ਸਾਹਿਬ ਨੇ ਕਾਲਜ ਦੇ ਗੱਤਕਾ ਇੰਚਾਰਜ ਮੈਡਮ ਮਨਦੀਪ ਕੌਰ ਲਾਈਬ੍ਰੇਰੀਅਨ, ਗੱਤਕਾ ਕੋਚ ਸ.ਜਰਨੈਲ ਸਿੰਘ ਅਤੇ ਪ੍ਰੋ.ਗੁਰਪ੍ਰੀਤ ਕੌਰ ਸੇਠੀ (ਗਣਿਤ ਵਿਭਾਗ) ਦੀ ਵਿਦਿਆਰਥੀਆਂ ਦੀ ਯੋਗ ਅਗਵਾਈ ਕਰਨ ਲਈ ਸ਼ਲਾਘਾ ਕੀਤੀ।

Main Edition
Feb 7, 2023 Page No. 13
Powered by : eMelabo.com